**ੴ ਸਤਿਗੁਰ ਪ੍ਰਸਾਦਿ ॥ ਸਿਰੀਰਾਗੁ ਮਹਲਾ ੧ ਘਰੁ ੩ ॥ ਜੋਗੀ ਅੰਦਰਿ ਜੋਗੀਆ ॥ ਤੂੰ ਭੋਗੀ ਅੰਦਰਿ ਭੋਗੀਆ ॥ ਤੇਰਾ ਅੰਤੁ ਨ ਪਾਇਆ ਸੁਰਗਿ ਮਛਿ ਪਇਆਲਿ ਜੀਉ ॥੧ ॥ ਹਉ ਵਾਰੀ ਹਉ ਵਾਰਣੈ ਕੁਰਬਾਣੁ ਤੇਰੇ ਨਾਵ ਨੋ ॥੧ ॥ ਰਹਾਉ ॥ ਤੁਧੁ ਸੰਸਾਰੁ ਉਪਾਇਆ ॥ ਸਿਰੇ ਸਿਰਿ ਧੰਧੇ ਲਾਇਆ ॥ ਵੇਖਹਿ ਕੀਤਾ ਆਪਣਾ ਕਰਿ ਕੁਦਰਤਿ ਪਾਸਾ ਢਾਲਿ ਜੀਉ ॥੨ ॥ ਪਰਗਟਿ ਪਾਹਾਰੈ ਜਾਪਦਾ ॥ ਸਭੁ ਨਾਵੈ ਨੋ ਪਰਤਾਪਦਾ ॥ ਸਤਿਗੁਰ ਬਾਝੁ ਨ ਪਾਇਓ ਸਭ ਮੋਹੀ ਮਾਇਆ ਜਾਲਿ ਜੀਉ ॥੩ ॥ ਸਤਿਗੁਰ ਕਉ ਬਲਿ ਜਾਈਐ ॥ ਜਿਤੁ ਮਿਲਿਐ ਪਰਮ ਗਤਿ ਪਾਈਐ ॥ ਸੁਰਿ ਨਰ ਮੁਨਿ ਜਨ ਲੋਚਦੇ ਸੋ ਸਤਿਗੁਰਿ ਦੀਆ ਬੁਝਾਇ ਜੀਉ ॥੪ ॥ ਸਤਸੰਗਤਿ ਕੈਸੀ ਜਾਣੀਐ ॥ ਜਿਥੈ ਏਕੋ ਨਾਮੁ ਵਖਾਣੀਐ ॥ ਏਕੋ ਨਾਮੁ ਹੁਕਮੁ ਹੈ ਨਾਨਕ ਸਤਿਗੁਰਿ ਦੀਆ ਬੁਝਾਇ ਜੀਉ ॥੫॥ {ਪੰਨਾ 71}**

ਪਦਅਰਥ:- ਸੁਰਗਿ—ਸੁਰਗ ਵਿਚ। ਮਛਿ—ਮਾਤ ਲੋਕ ਵਿਚ। ਪਇਆਲਿ—ਪਤਾਲ ਵਿਚ।1।

ਨੋ—ਨੂੰ, ਤੋਂ।1। ਰਹਾਉ।

ਸਿਰੇ ਸਿਰਿ—ਹਰੇਕ ਜੀਵ ਦੇ ਸਿਰ ਉਤੇ। ਵੇਖਹਿ—ਵੇਖਹਿਂ, ਤੂੰ ਵੇਖਦਾ ਹੈਂ, ਤੂੰ ਸੰਭਾਲ ਕਰਦਾ ਹੈਂ। ਕਰਿ ਕੁਦਰਤਿ—ਕੁਦਰਤ ਰਚ ਕੇ। ਪਾਸਾ ਢਾਲਿ—ਪਾਸਾ ਢਾਲ ਕੇ, ਚਉਪੜ ਦੀਆਂ ਨਰਦਾਂ ਸੁੱਟ ਕੇ।2।

ਪਰਗਟਿ ਪਾਹਾਰੈ—ਦਿੱਸਦੇ ਪਸਾਰੇ ਵਿਚ। ਨਾਵੈ ਨੋ—(ਪ੍ਰਭੂ ਦੇ) ਨਾਮ ਨੂੰ। ਸਭੁ—ਹਰੇਕ ਜੀਵ। ਪਰਤਾਪਦਾ—ਲੋਵਦਾ ਹੈ। ਸਭ—ਸਾਰੀ ਸ੍ਰਿਸ਼ਟੀ। ਜਾਲਿ—ਜਾਲ ਵਿਚ।3।

ਬਲਿ ਜਾਈਐ—ਕੁਰਬਾਨ ਹੋਈਏ। ਕਉ—ਤੋਂ। ਜਿਤੁ ਮਿਲਿਐ—ਜਿਸ (ਗੁਰੂ) ਨੂੰ ਮਿਲਿਆਂ। ਪਰਮ ਗਤਿ—ਸਭ ਤੋਂ ਉੱਚੀ ਆਤਮਕ ਅਵਸਥਾ। ਸੁਰਿ—ਦੇਵਤੇ। ਸਤਿਗੁਰਿ—ਗੁਰੂ ਨੇ।4।

ਜਿਥੈ—ਜਿਸ ਥਾਂ ਤੇ।5।

ਅਰਥ:- ਹੇ ਪ੍ਰਭੂ! ਮੈਂ ਸਦਕੇ ਹਾਂ ਤੇਰੇ ਨਾਮ ਤੋਂ, ਵਾਰਨੇ ਜਾਂਦਾ ਹਾਂ ਤੇਰੇ ਨਾਮ ਤੋਂ, ਕੁਰਬਾਨ ਹਾਂ ਤੇਰੇ ਨਾਮ ਤੋਂ।1। ਰਹਾਉ।

(ਹੇ ਪ੍ਰਭੂ!) ਜੋਗੀਆਂ ਦੇ ਅੰਦਰ (ਵਿਆਪਕ ਹੋ ਕੇ ਤੂੰ ਆਪ ਹੀ) ਜੋਗ ਕਮਾ ਰਿਹਾ ਹੈਂ, ਮਾਇਆ ਦੇ ਭੋਗ ਭੋਗਣ ਵਾਲਿਆਂ ਦੇ ਅੰਦਰ ਭੀ ਤੂੰ ਹੀ ਪਦਾਰਥ ਭੋਗ ਰਿਹਾ ਹੈਂ। ਸੁਰਗ ਲੋਕ ਵਿਚ ਮਾਤ ਲੋਕ ਵਿਚ ਪਾਤਾਲ ਲੋਕ ਵਿਚ (ਵੱਸਦੇ ਕਿਸੇ ਭੀ ਜੀਵ ਨੇ) ਤੇਰੇ ਗੁਣਾਂ ਦਾ ਅੰਤ ਨਹੀਂ ਲੱਭਾ।1।

(ਹੇ ਪ੍ਰਭੂ!) ਤੂੰ ਹੀ ਜਗਤ ਪੈਦਾ ਕੀਤਾ ਹੈ, ਹਰੇਕ ਜੀਵ ਉੱਤੇ (ਉਹਨਾਂ ਦੇ ਕੀਤੇ ਕਰਮਾਂ ਦੇ ਲੇਖ ਲਿਖ ਕੇ ਜੀਵਾਂ ਨੂੰ ਤੂੰ ਹੀ ਮਾਇਆ ਦੇ) ਧੰਧਿਆਂ ਵਿਚ ਫਸਾਇਆ ਹੋਇਆ ਹੈ। ਤੂੰ ਕੁਦਰਤਿ ਰਚ ਕੇ (ਜਗਤ-ਚਉਪੜ ਦੀਆਂ) ਜੀਵ-ਨਰਦਾਂ ਸੁੱਟ ਕੇ ਤੂੰ ਆਪ ਹੀ ਆਪਣੇ ਰਚੇ ਜਗਤ ਦੀ ਸੰਭਾਲ ਕਰ ਰਿਹਾ ਹੈਂ।2।

(ਹੇ ਭਾਈ!) ਪਰਮਾਤਮਾ ਇਸ ਦਿੱਸਦੇ ਜਗਤ-ਪਸਾਰੇ ਵਿਚ (ਵੱਸਦਾ) ਦਿੱਸ ਰਿਹਾ ਹੈ। ਹਰੇਕ ਜੀਵ ਉਸ ਪ੍ਰਭੂ ਦੇ ਨਾਮ ਲਈ ਤਾਂਘਦਾ ਹੈ। ਪਰ ਗੁਰੂ ਦੀ ਸਰਨ ਤੋਂ ਬਿਨਾ ਕਿਸੇ ਨੂੰ ਪ੍ਰਭੂ ਦਾ ਨਾਮ ਨਹੀਂ ਮਿਲਿਆ (ਕਿਉਂਕਿ) ਸਾਰੀ ਸ੍ਰਿਸ਼ਟੀ ਮਾਇਆ ਦੇ ਜਾਲ ਵਿਚ ਫਸੀ ਹੋਈ ਹੈ।3।

(ਹੇ ਭਾਈ!) ਗੁਰੂ ਤੋਂ ਕੁਰਬਾਨ ਜਾਣਾ ਚਾਹੀਦਾ ਹੈ (ਕਿਉਂਕਿ) ਉਸ (ਗੁਰੂ) ਦੇ ਮਿਲਿਆਂ ਹੀ ਸਭ ਤੋਂ ਉੱਚੀ ਆਤਮਕ ਅਵਸਥਾ ਹਾਸਲ ਕਰੀਦੀ ਹੈ। (ਜਿਸ ਨਾਮ-ਪਦਾਰਥ ਨੂੰ) ਦੇਵਤੇ ਮਨੁੱਖ ਮੋਨਧਾਰੀ ਲੋਕ ਤਰਸਦੇ ਆ ਰਹੇ ਹਨ ਉਹ (ਪਦਾਰਥ) ਸਤਿਗੁਰੂ ਨੇ ਸਮਝਾ ਦਿੱਤਾ ਹੈ।3।

ਕਿਹੋ ਜਿਹੇ ਇਕੱਠ ਨੂੰ ਸਤ ਸੰਗਤਿ ਸਮਝਣਾ ਚਾਹੀਦਾ ਹੈ? (ਸਤਸੰਗਤਿ ਉਹ ਹੈ) ਜਿੱਥੇ ਸਿਰਫ਼ ਪਰਮਾਤਮਾ ਦਾ ਨਾਮ ਸਲਾਹਿਆ ਜਾਂਦਾ ਹੈ। ਹੇ ਨਾਨਕ! ਸਤਿਗੁਰੂ ਨੇ ਇਹ ਗੱਲ ਸਮਝਾ ਦਿੱਤੀ ਹੈ ਕਿ (ਸਤਸੰਗਤਿ ਵਿਚ) ਸਿਰਫ਼ ਪਰਮਾਤਮਾ ਦਾ ਨਾਮ ਜਪਣਾ ਹੀ (ਪ੍ਰਭੂ ਦਾ) ਹੁਕਮ ਹੈ।5।